# Visit of Prime Minister of India to Bangladesh

March 16, 2021

---

# ਭਾਰਤ ਦੇ ਪ੍ਰਧਾਨ ਮੰਤਰੀ ਦੀ ਬੰਗਲਾਦੇਸ਼ ਯਾਤਰਾ

**16 ਮਾਰਚ, 2021**

ਬੰਗਲਾਦੇਸ਼ ਦੀ ਪ੍ਰਧਾਨ ਮੰਤਰੀ ਮਹਾਮਹਿਮ ਸ਼ੇਖ ਹੁਸੀਨਾ ਦੇ ਸੱਦੇ 'ਤੇ, ਭਾਰਤ ਦੇ ਪ੍ਰਧਾਨ ਮੰਤਰੀ ਸ਼੍ਰੀ ਨਰੇਂਦਰ ਮੋਦੀ 26 ਅਤੇ 27 ਮਾਰਚ, 2021 ਨੂੰ ਬੰਗਲਾਦੇਸ਼ ਦੀ ਯਾਤਰਾ ਕਰਨਗੇ।

ਇਹ ਯਾਤਰਾ ਤਿੰਨ ਯੁਗਾਂਤਰਕਾਰੀ ਘਟਨਾਵਾਂ ਮੁਜੀਬ ਬੋਰਸ਼ੋ, ਸ਼ੇਖ ਮੁਜੀਬੁਰ ਰਹਿਮਾਨ ਦੀ ਜਨਮ ਸ਼ਤਾਬਦੀ; ਭਾਰਤ ਅਤੇ ਬੰਗਲਾਦੇਸ਼ ਦੇ ਦਰਮਿਆਨ ਕੂਟਨੀਤਕ ਸਬੰਧਾਂ ਦੀ ਸਥਾਪਨਾ ਦੇ 50 ਸਾਲ; ਅਤੇ ਬੰਗਲਾਦੇਸ਼ ਦੀ ਸੁਤੰਤਰਤਾ ਦੇ ਲਈ ਹੋਏ ਯੁੱਧ ਦੇ 50 ਸਾਲ ਦੇ ਯਾਦਗਾਰੀ ਸਮਾਰੋਹ ਨਾਲ ਸਬੰਧ ਰੱਖਦੀ ਹੈ। ਪ੍ਰਧਾਨ ਮੰਤਰੀ ਨੇ ਬੰਗਲਾਦੇਸ਼ ਵਿੱਚ ਆਪਣਾ ਪਿਛਲਾ ਦੌਰਾ 2015 ਵਿੱਚ ਕੀਤਾ ਸੀ।

ਯਾਤਰਾ ਦੇ ਦੌਰਾਨ, ਪ੍ਰਧਾਨ ਮੰਤਰੀ 26 ਮਾਰਚ ਨੂੰ ਬੰਗਲਾਦੇਸ਼ ਦੇ ਰਾਸ਼ਟਰੀ ਦਿਵਸ ਪ੍ਰੋਗਰਾਮ ਵਿੱਚ ਵਿਸ਼ੇਸ਼ ਮਹਿਮਾਨ ਵੱਜੋਂ ਸ਼ਾਮਲ ਹੋਣਗੇ।

ਪ੍ਰਧਾਨ ਮੰਤਰੀ ਦੇ ਪ੍ਰੋਗਰਾਮ ਵਿੱਚ ਪ੍ਰਧਾਨ ਮੰਤਰੀ ਸ਼ੇਖ ਹਸੀਨਾ ਦੇ ਨਾਲ ਦੁਵੱਲੀ ਵਾਰਤਾਲਾਪ ਦੇ ਇਲਾਵਾ, ਬੰਗਲਾਦੇਸ਼ ਦੇ ਰਾਸ਼ਟਰਪਤੀ ਮਹਾਮਹਿਮ ਮੁਹੰਮਦ ਅਬਦੁਲ ਹਾਮਿਦ ਅਤੇ ਬੰਗਲਾਦੇਸ਼ ਦੇ ਵਿਦੇਸ਼ ਮੰਤਰੀ ਡਾ. ਏ. ਕੇ. ਅਬਦੁਲ ਮੋਮੇਨ ਨਾਲ ਮੁਲਾਕਾਤ ਵੀ ਸ਼ਾਮਲ ਹੈ।

ਪ੍ਰਧਾਨ ਮੰਤਰੀ ਦੀ ਬੰਗਲਾਦੇਸ਼ ਯਾਤਰਾ ਕੋਵਿਡ ਮਹਾਮਾਰੀ ਦੇ ਸੰਕਟ ਦੇ ਬਾਅਦ ਕਿਸੇ ਵਿਦੇਸ਼ੀ ਰਾਸ਼ਟਰ ਦੀ ਪਹਿਲੀ ਯਾਤਰਾ ਹੋਵੇਗੀ। ਇਹ ਭਾਰਤ ਦੀ ਬੰਗਲਾਦੇਸ਼ ਨਾਲ ਜੁੜੀ ਪ੍ਰਾਥਮਿਕਤਾ ਨੂੰ ਦਰਸਾਉਂਦਾ ਹੈ।

ਨਵੀਂ ਦਿੱਲੀ
**16 ਮਾਰਚ, 2021**

DISCLAIMER: This is an approximate translation. The original is available in English on MEA's website and may be referred to as the official press release.